**ਪੰਜਾਬ ਸਰਕਾਰ**
**ਸਥਾਨਕ ਸਰਕਾਰ ਵਿਭਾਗ**
**(ਸਥਾਨਕ ਸਰਕਾਰ-3 ਸ਼ਾਖਾ)**

# ਅਧਿਸੂਚਨਾ

ਮਿਤੀ, ਚੰਡੀਗੜ੍ਹ:29.11.2016

ਨੰ: 16/38(3)/2016-5ਸਸ3/2525 ਜਿਵੇਂ ਕਿ ਨਗਰ ਕੌਂਸਲ, ਨੂਰਮਹਿਲ, ਜਿਲ੍ਹਾ ਜਲੰਧਰ ਵੱਲੋ "ਦੀ ਪੰਜਾਬ ਪਰੋਹਿਬੀਸ਼ਨ ਆਫ ਕਾਓ ਸਲਾਟਰ ਐਕਟ 1955 (15 ਆਫ 1956) ਦੀ ਧਾਰਾ 7 ਅਧੀਨ ਆਪਣੇ ਮਤਾ ਨੰ: 48 ਮਿਤੀ 17.07.2015 ਰਾਹੀਂ ਕਾਓ ਸੈਸ ਲਗਾਉਣਾ ਪ੍ਰਵਾਨ ਕੀਤਾ ਹੈ। ਇਸ ਦੇ ਸਬੰਧ ਵਿੱਚ 2 ਅਖਬਾਰਾਂ ਰਾਹੀਂ ਜਨਤਕ ਸੂਚਨਾ ਪ੍ਰਕਾਸ਼ਿਤ ਕਰਵਾ ਕੇ ਆਮ ਜਨਤਾ ਪਾਸੋਂ ਇਤਰਾਜ ਅਤੇ ਸੁਝਾਓ ਮੰਗੇ ਗਏ ਸਨ ਪਰੰਤੂ ਕੋਈ ਇਤਰਾਜ ਵਾ ਸੁਝਾਓ ਪ੍ਰਾਪਤ ਨਾ ਹੋਣ ਤੇ ਨਗਰ ਕੌਂਸਲ ਵੱਲੋ ਆਪਣੇ ਮਤਾ ਨੰ: 79 ਮਿਤੀ 30.11.2015 ਰਾਹੀਂ ਕਾਓ ਸੈਸ ਲਗਾਉਣਾ ਪ੍ਰਵਾਨ ਕੀਤਾ ਗਿਆ ਹੈ।

2 ਇਸ ਲਈ ਹੁਣ "ਦੀ ਪੰਜਾਬ ਪਰੋਹਿਬੀਸ਼ਨ ਆਫ ਕਾਓ ਸਲਾਟਰ ਐਕਟ 1955 (15 ਆਫ 1956) ਦੀ ਧਾਰਾ 7 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਪੰਜਾਬ ਦੇ ਰਾਜਪਾਲ ਪ੍ਰਸੰਨਤਾ ਪੂਰਵਕ ਘੋਸ਼ਣਾ ਕਰਦੇ ਹਨ ਕਿ ਨਗਰ ਕੌਂਸਲ, ਨੂਰਮਹਿਲ, ਜਿਲ੍ਹਾ ਜਲੰਧਰ ਦੇ ਖੇਤਰ ਵਿਖੇ ਹੇਠ ਲਿਖੀਆਂ ਵਸਤਾਂ ਦੀ ਵਿਕਰੀ ਉਤੇ ਫੀਸ (ਕਾਓ ਸੈਸ) ਲਾਗੂ ਹੋਵੇਗਾ ਅਤੇ ਜਿਸ ਦੀਆਂ ਕੁਲੈਕਟਿੰਗ ਏਜੰਸੀਆਂ ਹੇਠਾਂ ਦਿਤੇ ਟੇਬਲ ਵਿਚ ਘੋਸ਼ਿਤ ਕੀਤੀਆਂ ਜਾਂਦੀਆਂ ਹਨ:-

| ਲੜੀ ਨੰ: | ਆਈਟਮ ਦਾ ਨਾਮ | ਪ੍ਰਤੀ ਆਈਟਮ ਫੀਸ (ਕਾਓ ਸੈਸ) | ਕੁਲੈਕਟਿੰਗ ਏਜੰਸੀ ਦਾ ਨਾਮ |
|---|---|---|---|
| 1 | ਤੇਲ ਟੈਂਕਰ ਪ੍ਰਤੀ ਚੱਕਰ | 100/- ਰੁਪਏ | ਨਗਰ ਕੌਂਸਲ, ਨੂਰਮਹਿਲ |
| 2 | ਸ਼ਰਾਬ ਅੰਗਰੇਜੀ ਪ੍ਰਤੀ ਬੋਤਲ | 10/- ਰੁਪਏ | ਸਹਾਇਕ ਕਰ ਆਬਕਾਰੀ ਕਮਿਸ਼ਨਰ, ਜਲੰਧਰ |
| 3 | ਸ਼ਰਾਬ ਦੇਸੀ ਅਤੇ ਬੀਅਰ ਪ੍ਰਤੀ ਬੋਤਲ | 05/- ਰੁਪਏ | ਸਹਾਇਕ ਕਰ ਆਬਕਾਰੀ ਕਮਿਸ਼ਨਰ, ਜਲੰਧਰ |
| 4 | ਸੀਮਿੰਟ ਪ੍ਰਤੀ ਬੈਗ | 01/- ਰੁਪਏ | ਨਗਰ ਕੌਂਸਲ, ਨੂਰਮਹਿਲ |
| 5 | ਬਿਜਲੀ ਪ੍ਰਤੀ ਯੂਨਿਟ | 02 ਪੈਸੇ | ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ, ਨੂਰਮਹਿਲ । |
| 6 | ਮੈਰਿਜ ਪੈਲਿਸ ਏ.ਸੀ. ਪ੍ਰਤੀ ਫੰਕਸਨ | 1000/- ਰੁਪਏ | ਨਗਰ ਕੌਂਸਲ, ਨੂਰਮਹਿਲ |
| 7 | ਮੈਰਿਜ ਪੈਲਿਸ ਨਾਨ ਏ.ਸੀ. ਪ੍ਰਤੀ ਫੰਕਸਨ | 500/- ਰੁਪਏ | ਨਗਰ ਕੌਂਸਲ, ਨੂਰਮਹਿਲ |
| 8 | ਫੋਰ ਵ੍ਹੀਲਰ ਗੱਡੀ ਪ੍ਰਤੀ ਵਹੀਕਲ ਦੀ ਵਿਕਰੀ ਤੇ | 1000/- ਰੁਪਏ | ਜਿਲ੍ਹਾ ਟਰਾਂਸਪੋਰਟ ਅਫਸਰ, ਜਲੰਧਰ |
| 9 | ਦੋ ਵ੍ਹੀਲਰ ਗੱਡੀ ਪ੍ਰਤੀ ਵਹੀਕਲ ਦੀ ਵਿਕਰੀ ਤੇ | 200/- ਰੁਪਏ | ਜਿਲ੍ਹਾ ਟਰਾਂਸਪੋਰਟ ਅਫਸਰ, ਜਲੰਧਰ |

3 ਲੜੀ ਨੰ: 2 ਅਤੇ 3 ਤੇ ਫੀਸ (ਕਾਓ ਸੈਸ) ਸਾਲ 2017-18 ਤੋਂ ਲਾਗੂ ਹੋਵੇਗਾ।

ਮਿਤੀ: ਚੰਡੀਗੜ੍ਹ
23.11.2016

ਸਤੀਸ਼ ਚੰਦਰਾ, ਆਈ.ਏ.ਐਸ.
ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ,
ਸਥਾਨਕ ਸਰਕਾਰ ਵਿਭਾਗ।

ਪਿੱਠ ਅੰਕਣ ਨੰ: 16/38(3)/2016-5ਸਸ3/2525 ਮਿਤੀ, ਚੰਡੀਗੜ੍ਹ:29.11.2016

ਇਸ ਦਾ ਇੱਕ ਉਤਾਰਾ ਕੰਟਰੋਲਰ, ਛਪਾਈ ਤੇ ਲਿਖਣ ਸਮੱਗਰੀ ਵਿਭਾਗ, ਪੰਜਾਬ, ਐਸ.ਏ.ਐਸ.ਨਗਰ (ਮੋਹਾਲੀ) ਨੂੰ ਭੇਜ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਇਸ ਅਧਿਸੂਚਨਾ ਨੂੰ ਪੰਜਾਬ ਸਰਕਾਰ ਦੇ ਅਸਾਧਾਰਣ ਗਜਟ ਵਿੱਚ ਛਾਪਣ ਦੀ ਖੇਚਲ ਕੀਤੀ ਜਾਵੇ।

ਵਿਸ਼ੇਸ਼ ਸਕੱਤਰ ਸਥਾਨਕ ਸਰਕਾਰ

ਪਿੱਠ ਅੰਕਣ ਨੰ: 16/38(3)/2016-5ਸਸ3/2526 ਮਿਤੀ, ਚੰਡੀਗੜ੍ਹ:29.11.2016

ਉਪਰੋਕਤ ਦਾ ਇੱਕ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ :-

1 ਵਿੱਤੀ ਕਮਿਸ਼ਨਰ, ਕਰ ਅਤੇ ਆਬਕਾਰੀ ਵਿਭਾਗ, ਪੰਜਾਬ ਚੰਡੀਗੜ੍ਹ।
2 ਪ੍ਰਮੁੱਖ ਸਕੱਤਰ, ਖੁਰਾਕ ਤੇ ਸਪਲਾਈ ਵਿਭਾਗ, ਪੰਜਾਬ, ਚੰਡੀਗੜ੍ਹ।
3 ਪ੍ਰਮੁੱਖ ਸਕੱਤਰ, ਟਰਾਂਸਪੋਰਟ, ਪੰਜਾਬ, ਚੰਡੀਗੜ੍ਹ।
4 ਪ੍ਰਮੁੱਖ ਸਕੱਤਰ, ਪਾਵਰ ਵਿਭਾਗ, ਪੰਜਾਬ, ਚੰਡੀਗੜ੍ਹ।
5 ਡਾਇਰੈਕਟਰ, ਸਥਾਨਕ ਸਰਕਾਰ ਵਿਭਾਗ, ਪੰਜਾਬ, ਚੰਡੀਗੜ੍ਹ.
6 ਕਰ ਅਤੇ ਆਬਕਾਰੀ ਕਮਿਸ਼ਨਰ, ਪੰਜਾਬ, ਪਟਿਆਲਾ।
7 ਚੇਅਰਮੈਨ, ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ, ਪਟਿਆਲਾ।
8 ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ, ਚੰਡੀਗੜ੍ਹ।
9 ਡਿਪਟੀ ਕਮਿਸ਼ਨਰ, ਜਲੰਧਰ
10 ਉਪਮੰਡਲ ਮੈਜਿਸਟਰੇਟ, ਫਿਲੌਰ।
11 ਡਿਪਟੀ ਡਾਇਰੈਕਟਰ, ਸਥਾਨਕ ਸਰਕਾਰ, ਜਲੰਧਰ।
12 ਕਾਰਜ ਸਾਧਕ ਅਫਸਰ, ਨਗਰ ਕੌਂਸਲ, ਨੂਰਮਹਿਲ
13 ਜਿਲ੍ਹਾ ਟਰਾਂਸਪੋਰਟ ਅਫਸਰ, ਜਲੰਧਰ।
14 ਪ੍ਰੀਖਕ, ਲੋਕਲ ਫੰਡ ਅਕਾਊਂਟਸ, ਪੰਜਾਬ ਚੰਡੀਗੜ੍ਹ।
15 ਡਾਇਰੈਕਟਰ, ਟਾਊਨ ਪਲੈਨਿੰਗ,ਸਥਾਨਕ ਸਰਕਾਰ ਵਿਭਾਗ, ਪੰਜਾਬ, ਚੰਡੀਗੜ੍ਹ।
16 ਸਹਾਇਕ ਆਬਕਾਰੀ ਤੇ ਕਰ ਕਮਿਸ਼ਨਰ, ਜਲੰਧਰ।
17 ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ, ਨੂਰਮਹਿਲ।

ਵਿਸ਼ੇਸ਼ ਸਕੱਤਰ ਸਥਾਨਕ ਸਰਕਾਰ